ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਮੰਡੀਆਂ ’ਚ 224037 ਮੀਟ੍ਰਿਕ ਟਨ ਝੋਨੇ ਦੀ ਹੋਈ ਆਮਦ-ਈਸ਼ਾ ਕਾਲੀਆ

## 221550 ਮੀਟ੍ਰਿਕ ਟਨ ਝੋਨੇ ਦੀ ਏਜੰਸੀਆਂ ਵੱਲੋਂ ਕੀਤੀ ਗਈ ਖਰੀਦ

## ਪੱਕਣ ਉਪਰੰਤ ਹੀ ਮੰਡੀਆਂ ’ਚ ਲਿਆਂਦੀ ਜਾਵੇ ਝੋਨੇ ਦੀ ਫਸਲ

## ਬਿਨ੍ਹਾਂ ਕਿਸੇ ਦੇਰੀ ਦੇ ਕੀਤੀ ਜਾਵੇ ਲਿਫਟਿੰਗ

## ਪਰਾਲੀ ਨੂੰ ਅੱਗ ਨਾ ਲਗਾਉਣ ਦੀ ਕੀਤੀ ਅਪੀਲ

ਫਾਜ਼ਿਲਕਾ 23 ਅਕਤੂਬਰ

ਜ਼ਿਲ੍ਹੇ ਦੀਆਂ ਮੰਡੀਆਂ ’ਚ ਬੀਤੀ ਸਾਮ ਤੱਕ 224037 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ। ਬੀਤੀ ਸਾਮ ਤੱਕ ਖਰੀਦ ਏਜੰਸੀਆਂ ਵੱਲੋਂ 221550 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ। ਇਹ ਜਾਣਕਾਰੀ ਡਿਪਟੀ ਕਮਿਸਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਦਿੱਤੀ। ਉਨ੍ਹਾਂ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਿਸਾਨਾਂ ਨੂੰ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਨਾ ਆਉਣ ਦਿੱਤੀ ਜਾਵੇ ਅਤੇ ਬਿਨ੍ਹਾਂ ਕਿਸੇ ਦੇਰੀ ਦੇ ਲਿਫਟਿੰਗ ਕੀਤੀ ਜਾਵੇ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਨਾ ਹੀ ਰਾਤ ਸਮੇਂ ਕੰਬਾਇਨਾਂ ਨਾਲ ਕਟਾਈ ਕੀਤੀ ਜਾਵੇ ਤੇ ਨਾ ਹੀ ਪਰਾਲੀ ਨੂੰ ਅੱਗ ਲਗਾਈ ਜਾਵੇ।

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਕਿਸਾਨਾਂ ਨੂੰ ਮੰਡੀਆਂ ’ਚ ਸੁੱਕਾ ਝੋਨਾ ਲਿਆਉਣ ਦੀ ਅਪੀਲ ਕੀਤੀ, ਤਾਂ ਜੋ ਉਨ੍ਹਾਂ ਨੂੰ ਆਪਣੀ ਢੇਰੀ ਵੇਚਣ ਲਈ ਮੰਡੀਆਂ ਵਿੱਚ ਜ਼ਿਆਦਾ ਦੇਰ ਰੁਕਣਾ ਨਾ ਪਵੇ। ਇਸ ਦੇ ਨਾਲ-ਨਾਲ ਉਨ੍ਹਾਂ ਕਿਸਾਨਾਂ ਨੂੰ ਕਿਹਾ ਕਿ ਫਸਲ ਪੱਕਣ ਉਪਰੰਤ ਹੀ ਮੰਡੀਆਂ ਵਿੱਚ ਲਿਆਈ ਜਾਵੇ।

ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਸ੍ਰੀਮਤੀ ਗੀਤੂ ਬਿਸ਼ੰਬੂ ਨੇ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਖਰੀਦ ਕੀਤੇ ਗਏ ਝੋਨੇ ਦਾ ਵੇਰਵਾ ਦਿੰਦਿਆਂ ਦੱਸਿਆ ਕਿ ਬੀਤੇ ਦਿਨ ਤੱਕ ਪਨਗ੍ਰੇਨ ਵੱਲੋ 46481 ਮੀਟ੍ਰਿਕ ਟਨ, ਮਾਰਕਫੈਡ ਵੱਲੋਂ 36928 ਮੀਟ੍ਰਿਕ ਟਨ, ਪਨਸਪ ਵੱਲੋਂ 63685 ਮੀਟ੍ਰਿਕ ਟਨ, ਵੇਅਰਹਾਉਸ ਵੱਲੋਂ 27975 ਮੀਟ੍ਰਿਕ ਟਨ,ਪੰਜਾਬ ਐਗਰੋ ਵੱਲੋਂ 18455 ਮੀਟ੍ਰਿਕ ਟਨ, ਐਫ.ਸੀ.ਆਈ ਵੱਲੋਂ 19 ਮੀਟ੍ਰਿਕ ਟਨ ਅਤੇ ਪ੍ਰਾਇਵੇਟ ਵਪਾਰੀਆਂ ਵੱਲੋਂ 28007 ਮੀਟ੍ਰਿਕ ਟਨ ਝੋਨਾ ਖਰੀਦ ਕੀਤਾ ਗਿਆ।